# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 18-08-202**

**<u>ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ...</u>**

- ਵਿਰੋਧੀ ਧਿਰ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਹੰਗਾਮੇ ਤੋਂ ਬਾਅਦ, ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕੀਤੀ ਗਈ।
- ਕੇਂਦਰ ਸਰਕਾਰ ਨਕਲੀ ਕੀਟਨਾਸ਼ਕ, ਖਾਦ ਅਤੇ ਬੀਜ ਬਣਾਉਣ ਵਾਲੀਆਂ ਕੰਪਨੀਆਂ ਖਿਲਾਫ ਸਖ਼ਤ ਕਾਰਵਾਈ ਕਰੇਗੀ।
- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਪੰਜਾਬ ਪੁਲਿਸ ਮੁਖੀ ਨੂੰ ਦੋ ਪੁਲਿਸ ਅਧਿਕਾਰੀਆਂ ਵੱਲੋਂ ਬਟਾਲਾ ਵਿਚ ਇੱਕ ਪੱਤਰਕਾਰ 'ਤੇ ਕੀਤੇ ਗਏ ਹਮਲੇ ਦੀ ਰਿਪੋਰਟ ਦੇਣ ਲਈ ਨੋਟਿਸ ਜਾਰੀ ਕੀਤਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਚਮਕੌਰ ਸਾਹਿਬ ਵਿਖੇ 50 ਬਿਸਤਰਿਆਂ ਦੇ ਇੱਕ ਸਭ -ਡਵੀਜ਼ਨਲ ਹਸਪਤਾਲ ਦਾ ਉਦਘਾਟਨ ਕੀਤਾ।

- ਕਪੂਰਥਲਾ, ਗੁਰਦਾਸਪੁਰ ਅਤੇ ਕੁਝ ਥਾਵਾਂ ਤੇ ਹੜ੍ਹਾਂ ਦੀ ਸਥਿਤੀ ਕਾਬੂ ਹੇਠ ਏ -ਮੌਸਮ ਵਿਭਾਗ ਵਲੋਂ ਹੋਰ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਗਈ ਏ।

**ਹੁਣ ਖਬਰਾਂ ਵਿਸਥਾਰ ਨਾਲ.....**

**--------------------------------------------------------------------------------**

ਲੋਕ ਸਭਾ ਦੀ ਕਾਰਵਾਈ ਅੱਜ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ। ਦੂਜੀ ਵਾਰ ਮੁਲਤਵੀ ਕਰਨ ਤੋਂ ਬਾਅਦ ਜਦੋਂ ਦੁਪਹਿਰ 2 ਵਜੇ ਸਦਨ ਦੀ ਕਾਰਵਾਈ ਮੁੜ ਸ਼ੁਰੂ ਹੋਈ, ਤਾਂ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਪੂਰੇ ਸਦਨ ਵੱਲੋਂ ਪੁਲਾੜ ਯਾਤਰੀ ਅਤੇ ਭਾਰਤੀ ਹਵਾਈ ਸੈਨਾ ਦੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਨੂੰ ਵਧਾਈ ਦਿੱਤੀ। ਸ੍ਰੀ ਬਿਰਲਾ ਨੇ ਕਿਹਾ ਕਿ ਕੈਪਟਨ ਸ਼ੁਕਲਾ ਨੇ ਐਕਸੀਓਮ ਮਿਸ਼ਨ-4 ਤਹਿਤ ਅੰਤਰ-ਰਾਸ਼ਟਰੀ ਪੁਲਾੜ ਸਟੇਸ਼ਨ ਦੀ ਯਾਤਰਾ ਕਰਨ ਵਾਲੇ ਪਹਿਲੇ ਭਾਰਤੀ ਬਣ ਕੇ ਇਤਿਹਾਸ ਰਚਿਆ ਏ। ਫਿਰ ਉਨ੍ਹਾਂ ਸਦਨ ਦੇ ਸਾਰੇ ਮੈਂਬਰਾਂ ਨੂੰ ਅੰਤਰ-ਰਾਸ਼ਟਰੀ ਪੁਲਾੜ ਸਟੇਸ਼ਨ 'ਤੇ ਭਾਰਤ ਦੇ ਪਹਿਲੇ ਪੁਲਾੜ ਯਾਤਰੀ ਕੈਪਟਨ ਸ਼ੁਭਾਂਸ਼ੂ ਸ਼ੁਕਲਾ 'ਤੇ ਇੱਕ ਵਿਸ਼ੇਸ਼ ਚਰਚਾ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਇਸ ਵਿੱਚ 2047 ਤੱਕ ਵਿਕਸਤ ਭਾਰਤ ਲਈ ਪੁਲਾੜ ਪ੍ਰੋਗਰਾਮ ਦੀ ਮਹੱਤਵਪੂਰਨ ਭੂਮਿਕਾ 'ਤੇ ਧਿਆਨ ਕੇਂਦਰਿਤ ਕੀਤਾ ਗਿਆ।BYTE:

ਹੰਗਾਮੇ ਦੇ ਵਿਚਕਾਰ, ਵਿਗਿਆਨ ਅਤੇ ਤਕਨਾਲੋਜੀ ਮੰਤਰੀ ਡਾ. ਜਿਤੇਂਦਰ ਸਿੰਘ ਨੇ ਚਰਚਾ ਦੀ ਸ਼ੁਰੂਆਤ ਕੀਤੀ। ਇਸ ਦੌਰਾਨ, ਪ੍ਰਧਾਨਗੀ ਸਪੀਕਰ ਦਿਲੀਪ ਸੈਕੀਆ ਨੇ ਪ੍ਰਦਰਸ਼ਨ ਕਰ ਰਹੇ ਮੈਂਬਰਾਂ ਨੂੰ ਆਪਣੀਆਂ ਸੀਟਾਂ 'ਤੇ ਵਾਪਸ ਜਾਣ ਅਤੇ ਇਸ ਵਿਸ਼ੇਸ਼ ਚਰਚਾ ਵਿੱਚ ਹਿੱਸਾ ਲੈਣ ਦੀ ਵਾਰ-ਵਾਰ ਅਪੀਲ ਕੀਤੀ ਪਰ ਵਿਰੋਧੀ ਮੈਂਬਰਾਂ ਨੇ ਆਪਣਾ ਵਿਰੋਧ ਜਾਰੀ ਰੱਖਿਆ, ਜਿਸ ਤੋਂ ਬਾਅਦ ਉਨ੍ਹਾਂ ਨੇ ਸਦਨ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰਨ ਦਾ ਐਲਾਨ ਕੀਤਾ।

--------------------------------------------------------------------------------

ਸਿੱਖਿਆ ਰਾਜ ਮੰਤਰੀ ਜਯੰਤ ਚੌਧਰੀ ਨੇ ਕਿਹਾ ਏ ਕਿ ਸਰਕਾਰ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਦੇ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕਰੇਗੀ। ਅੱਜ ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ, ਪੂਰਕ ਸਵਾਲਾਂ ਦੇ ਜਵਾਬ ਵਿੱਚ, ਸ਼੍ਰੀ ਚੌਧਰੀ ਨੇ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਲਈ, ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਤੇ ਸਕੂਲ ਬੋਰਡਾਂ ਨੂੰ ਸਮੇਂ-ਸਮੇਂ 'ਤੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਜਾਂਦੇ ਨੇ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਕੇਂਦਰੀ ਸਿੱਖਿਆ ਮੰਤਰਾਲੇ ਨੇ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਇੱਕ ਪੱਤਰ ਲਿਖਿਆ ਏ।

--------------------------------------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ, ਨਕਲੀ ਕੀਟਨਾਸ਼ਕ, ਖਾਦ ਅਤੇ ਬੀਜ ਬਣਾਉਣ ਵਾਲੀਆਂ ਕੰਪਨੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸ਼੍ਰੀ ਚੌਹਾਨ ਨੇ ਨਕਲੀ ਰਸਾਇਣਾਂ ਦੇ ਛਿੜਕਾਅ ਕਾਰਨ ਸੋਇਆਬੀਨ ਦੀਆਂ ਫਸਲਾਂ ਨੂੰ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਲਈ ਮੱਧ ਪ੍ਰਦੇਸ਼ ਦਾ ਦੌਰਾ ਕੀਤਾ । ਸ਼੍ਰੀ ਚੌਹਾਨ ਨੂੰ ਨਕਲੀ ਰਸਾਇਣਾਂ ਕਾਰਨ ਸੋਇਆਬੀਨ ਦੀਆਂ ਫਸਲਾਂ ਦੇ ਨੁਕਸਾਨ ਹੋਣ ਦੀਆਂ ਸ਼ਿਕਾਇਤਾਂ ਮਿਲੀਆਂ ਸਨ। ਇਸ ਤੋਂ ਬਾਅਦ, ਸ਼੍ਰੀ ਚੌਹਾਨ ਨੇ ਰਾਏਸੇਨ ਅਤੇ ਵਿਦਿਸ਼ਾ ਜ਼ਿਲ੍ਹਿਆਂ ਵਿੱਚ ਪ੍ਰਭਾਵਿਤ ਖੇਤਾਂ ਦਾ ਦੌਰਾ ਕਰਕੇ ਨੁਕਸਾਨ ਦਾ ਨਿਰੀਖਣ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਕੰਪਨੀਆਂ ਵਿਰੁੱਧ ਦੇਸ਼ ਵਿਆਪੀ ਮੁਹਿੰਮ ਚਲਾਈ ਜਾਵੇਗੀ। BYTE

---

ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਪੰਜਾਬ ਪੁਲਿਸ ਮੁਖੀ ਨੂੰ ਦੋ ਪੁਲਿਸ ਅਧਿਕਾਰੀਆਂ ਵੱਲੋਂ ਬਟਾਲਾ ਵਿਚ ਇੱਕ ਪੱਤਰਕਾਰ 'ਤੇ ਕੀਤੇ ਗਏ ਹਮਲੇ ਦੀ ਰਿਪੋਰਟ ਦੇਣ ਲਈ ਨੋਟਿਸ ਜਾਰੀ ਕੀਤਾ । ਇੱਕ ਬਿਆਨ ਵਿੱਚ, ਕਮਿਸ਼ਨ ਨੇ ਕਿਹਾ ਕਿ ਉਸਨੇ ਹਮਲੇ ਬਾਰੇ ਇੱਕ ਮੀਡੀਆ ਰਿਪੋਰਟ ਦਾ ਆਪਣੇ ਪੱਧਰ 'ਤੇ ਨੋਟਿਸ ਲਿਆ ਏ , ਜੋ ਕਿ ਇਸ ਮਹੀਨੇ ਦੀ ਪਹਿਲੀ ਤਾਰੀਖ ਨੂੰ ਗੁਰਦਾਸਪੁਰ ਜ਼ਿਲ੍ਹੇ ਵਿੱਚ ਵਾਪਰੀ

ਸੀ। ਕਮਿਸ਼ਨ ਨੇ ਪੰਜਾਬ ਪੁਲਿਸ ਮੁਖੀ ਤੋਂ ਦੋ ਹਫ਼ਤਿਆਂ ਦੇ ਅੰਦਰ ਇਸ ਮਾਮਲੇ ਦੀ ਵਿਸਥਾਰੀਤ ਰਿਪੋਰਟ ਮੰਗੀ ਏ । ਇਸ ਵਿੱਚ ਮਾਮਲੇ ਦੀ ਜਾਂਚ ਦੀ ਸਥਿਤੀ ਅਤੇ ਪੀੜਤ ਪੱਤਰਕਾਰ ਦੀ ਸਿਹਤ ਦੀ ਸਥਿਤੀ ਨੂੰ ਵੀ ਸ਼ਾਮਲ ਕਰਨ ਲਈ ਕਿਹਾ ਗਿਆ ਏ ।

----------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ੍ਰੀ ਚਮਕੌਰ ਸਾਹਿਬ ਵਿਖੇ 50 ਬਿਸਤਰਿਆਂ ਦੇ ਇੱਕ ਸਬ ਡਵੀਜ਼ਨਲ ਹਸਪਤਾਲ ਦਾ ਉਦਘਾਟਨ ਕੀਤਾ। ਉਦਘਾਟਨ ਉਪਰੰਤ ਉਹਨਾਂ ਨੇ ਹਸਪਤਾਲ ਵਿੱਚ ਜੇਰੇ ਇਲਾਜ ਮਰੀਜ਼ਾਂ ਨਾਲ ਮਿਲ ਕੇ ਉਹਨਾਂ ਦਾ ਹਾਲ-ਚਾਲ ਪੁੱਛਿਆ ਅਤੇ ਡਾਕਟਰਾਂ ਤੋਂ ਵੀ ਹਸਪਤਾਲ ਵਿੱਚ ਉਪਲਬਧ ਡਾਕਟਰੀ ਸਾਜੋ-ਸਾਮਾਨ ਬਾਰੇ ਜਾਣਕਾਰੀ ਹਾਸਿਲ ਕੀਤੀ। ਇਸ ਮੌਕੇ ਉਨਾਂ ਨਾਲ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਵੀ ਮੌਜੂਦ ਰਹੇ

----------------------------------------------------------------------------------

ਮੁਹਾਲੀ ਦੀ ਅਦਾਲਤ ਨੇ ਪੰਜਾਬ ਵਿਜੀਲੈਂਸ ਵਿਭਾਗ ਵੱਲੋਂ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦੇ ਮਾਮਲੇ ਵਿੱਚ ਗ੍ਰਿਫ਼ਤਾਰ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਮਜੀਠੀਆ ਦੀ ਜ਼ਮਾਨਤ ਅਰਜ਼ੀ ਨੂੰ ਅੰਤਿਮ ਸੁਣਵਾਈ ਮਗ਼ਰੋਂ ਖਾਰਿਜ ਕਰ ਦਿੱਤਾ ਏ । ਮੁਹਾਲੀ ਦੇ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਹਰਦੀਪ ਸਿੰਘ ਦੀ ਅਦਾਲਤ ਵਲੋਂ ਅੱਜ ਦੀ ਸੁਣਵਾਈ 'ਚ

ਬਿਕਰਮ ਮਜੀਠੀਆ ਵਲੋਂ ਵਕੀਲ ਪੇਸ਼ ਹੋਏ । ਇਸ ਮੌਕੇ ਵਿਜੀਲੈਂਸ ਬਿਊਰੋ ਦੇ AIG ਸਵਰਨਦੀਪ ਸਿੰਘ ਸਮੇਤ ਹੋਰ ਅਧਿਕਾਰੀ ਵੀ ਅਦਾਲਤ ਵਿੱਚ ਮੌਜੂਦ ਰਹੇ। ਜਿਕਰਯੋਗ ਏ ਕਿ ਬਿਕਰਮ ਮਜੀਠੀਆ 12 ਦਿਨਾਂ ਦੇ ਪੁਲਿਸ ਰਿਮਾਂਡ ਮਗਰੋ 6 ਜੁਲਾਈ ਤੋਂ ਹੀ ਨਿਆਇਕ ਹਿਰਾਸਤ ਵਿੱਚ ਨੇ ਅਤੇ ਮੁਹਾਲੀ ਅਦਾਲਤ ਨੇ 14 ਅਗਸਤ ਨੂੰ ਨਾਭਾ ਜੇਲ ਤੋਂ ਵੀਡਿਓ ਕਾਨਫਰੰਸਿੰਗ ਰਾਹੀਂ ਨਿਆਇਕ ਰਿਮਾਂਡ ਖਤਮ ਹੋਣ ਮਗਰੋਂ ਰਿਮਾਂਡ 28 ਅਗਸਤ ਤੱਕ ਵਧਾ ਦਿੱਤਾ ਏ। ਮੁਹਾਲੀ ਦੀ ਅਦਾਲਤ ਚ ਮਜੀਠੀਆ ਦੀ ਜੇਲ੍ਹ ਬੈਰਕ ਬਦਲਣ ਦੀ ਸੁਣਵਾਈ 21 ਅਗਸਤ ਨੂੰ ਹੋਵੇਗੀ।

---------------------------------------------------------------------------------

ਪੰਜਾਬ ਵਿੱਚ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੂਬੇ ਭਰ ਵਿੱਚ ਤਲਾਸ਼ੀ ਅਭਿਆਨ ਚਲਾਇਆ ਗਿਆ । ਇਸ ਦੌਰਾਨ 266 ਥਾਵਾਂ ;ਤੇ ਘੇਰਾਬੰਦੀ ਕਰਕੇ ਤਲਾਸ਼ੀ ਕੀਤੀ ਗਈ। ਇਸ ਤਲਾਸ਼ੀ ਅਭਿਆਨ ਵਿੱਚ 102 ਮੁਕਦਮੇ ਦਰਜ ਕਰਕੇ 127 ਨਸ਼ਾ ਵੇਚਣ ਵਾਲਿਆਂ ਨੂੰ ਗ੍ਰਫਤਾਰ ਕੀਤਾ ਗਿਆ। ਕਾਨੂੰਨ ਤੇ ਵਿਵਸਥਾ ਬਾਰੇ ਪੰਜਾਬ ਪੁਲਿਸ ਦੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਦੱਸਿਆ ।

BYTE:

---------------------------------------------------------------------------------

ਰਾਜ ਚੋਣ ਕਮਿਸ਼ਨ ਨੇ ਪੰਚਾਇਤ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ ਵੋਟਰ ਸੂਚੀਆਂ ਨੂੰ ਅੱਪਡੇਟ ਕਰਨ ਲਈ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਨਿਰਦੇਸ਼ ਜਾਰੀ ਕੀਤੇ ਨੇ । ਚੋਣ ਪ੍ਰੋਗਰਾਮ ਮੌਜੂਦਾ ਵੋਟਰ ਸੂਚੀਆਂ ਦਾ ਖਰੜਾ 19 ਅਗਸਤ ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ ਦਾਅਵੇ ਅਤੇ ਇਤਰਾਜ 20 ਤੋਂ 27 ਅਗਸਤ ਤੱਕ ਦੇਰ ਕੀਤੇ ਜਾ ਸਕਦੇ ਨੇ । ਦਾਅਵਿਆਂ ਅਤੇ ਇਤਰਾਜਾਂ ਦਾ ਨਿਪਟਾਰਾ 1 ਸਤੰਬਰ ਤੱਕ ਅਤੇ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾਂ 3 ਸਤੰਬਰ ਨੂੰ ਕੀਤੀ ਜਾਵੇਗੀ । ਸਮੂਹ ਜ਼ਿਲ੍ਹਾ ਚੋਣ ਅਫ਼ਸਰ ਸਹਿਬਾਨਾਂ ਨੂੰ ਹਦਾਇਤ ਕੀਤੀ ਗਈ ਏ ਕਿ ਉਹ ਸਥਾਨਕ ਪੱਧਰ ਤੇ ਜ਼ਿਲ੍ਹਾ ਪ੍ਰੀਸ਼ਦਾਂ ਅਤੇ ਪੰਚਾਇਤ ਸੰਮਤੀਆਂ ਦੇ ਚੋਣ ਹਲਕਿਆਂ ਦੇ ਸਾਰੇ ਪੇਂਡੂ ਖੇਤਰਾਂ ਵਿੱਚ ਇਸ ਦਾ ਵਿਆਪਕ ਪ੍ਰਚਾਰ ਕਰਨ ਤਾਂ ਜੋ 18 ਸਾਲ ਦੀ ਉਮਰ ਪੂਰੀ ਕਰਨ ਵਾਲੇ ਸਾਰੇ ਯੋਗ ਵਿਅਕਤੀਆਂ ਨੂੰ ਚੋਣਾਂ ਵਿੱਚ ਹਿੱਸਾ ਲੈਣ ਲਈ ਢੁੱਕਵਾਂ ਮੌਕਾ ਮਿਲ ਸਕੇ। ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਵੱਲੋਂ ਜਾਰੀ ਕੀਤੀ ਗਈ ਨੋਟੀਫਿਕੇਸ਼ਨ ਮੁਤਾਬਿਕ ਪੰਚਾਇਤ ਸੰਮਤੀਆਂ ਅਤੇ ਜ਼ਿਲ੍ਹਾ ਪ੍ਰੀਸ਼ਦਾ ਦੇ ਮੈਂਬਰਾਂ ਨੂੰ ਚੁਣਨ ਲਈ ਆਮ ਚੋਣਾਂ 5 ਅਕਤੂਬਰ ਤੱਕ ਕਰਵਾਈਆਂ ਜਾਣੀਆਂ ਨੇ । ਇਨ੍ਹਾਂ ਚੋਣਾਂ ਲਈ ਪੰਚਾਇਤੀ ਵੋਟਰ ਸੂਚੀਆਂ ਨੂੰ ਅਪਡੇਟ ਕੀਤਾ ਜਾਣਾ ਏ ।

---------------------------------------------------------------------------

ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਅੱਜ ਹੜ ਨਾਲ ਪ੍ਰਭਾਵਿਤ ਸੁਲਤਾਨਪੁਰ ਲੋਧੀ ਦੇ ਮੰਡ ਖੇਤਰਾਂ ਦਾ ਦੌਰਾ ਕਰਕੇ ਰਾਹਤ ਕੰਮਾਂ ਦੀ ਸਮੀਖਿਆ ਕੀਤੀ । ਉਨ੍ਹਾਂ ਕਿਹਾ ਕਿ ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਵਲੋਂ ਜਾਰੀ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪ੍ਰਭਾਵਿਤ ਖੇਤਰਾਂ ਵਿਚ ਰਾਹਤ ਕਾਰਜ ਜੰਗੀ ਪੱਧਰ ‘ਤੇ ਜਾਰੀ ਨੇ । ਸ੍ਰੀ ਪੰਚਾਲ ਨੇ ਦੱਸਿਆ ਕਿ ਪ੍ਰਭਾਵਿਤ ਲੋਕਾਂ ਨੂੰ ਸਿਹਤ ਸਹੂਲਤਾਂ,ਸੁੱਕਾ ਰਾਸ਼ਨ, ਪੀਣ ਵਾਲਾ ਪਾਣੀ, ਪਸ਼ੂ ਧਨ ਲਈ ਚਾਰਾ ਅਤੇ ਦਵਾਈਆਂ ਆਦਿ ਪਹਿਲ ਦੇ ਆਧਾਰ ‘ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਲੱਖ ਵਰਿਆਂਹ ਵਿਖੇ ਬਣਾਏ ਗਏ ਰਾਹਤ ਕੇਂਦਰ ਦਾ ਦੌਰਾ ਕਰਕੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਜਾਇਜ਼ਾ ਲਿਆ। ਰਾਹਤ ਕੇਂਦਰ ਵਿਖੇ ਪ੍ਰਭਾਵਿਤ ਲੋਕਾਂ ਦੀ ਰਿਹਾਇਸ਼, ਭੋਜਨ, ਦਵਾਈਆਂ ਦੀ ਮੁਕੰਮਲ ਵਿਵਸਥਾ ਕੀਤੀ ਗਈ ਏ । ਡਿਪਟੀ ਕਮਿਸ਼ਨਰ ਨੇ ਕਿਹਾ ।BYTE:

ਇਸ ਤੋਂ ਇਲਾਵਾ ਲੋਕਾਂ ਨੂੰ ਪਾਣੀ ਤੋਂ ਹੋਣ ਵਾਲੀਆਂ ਬਿਮਾਰੀਆਂ ਤੋਂ ਬਚਾਉਣ ਲਈ ਵਿਸ਼ੇਸ਼ ਯਤਨ ਆਰੰਭੇ ਗਏ ਹਨ। ਸੁਲਤਾਨਪੁਰ ਲੋਧੀ ਸਿਵਲ ਹਸਪਤਾਲ ਦੇ ਮੈਡੀਕਲ ਅਫਸਰ ਜਿੱਥੇ ਆਨ ਕਾਲ ਸੇਵਾਵਾਂ ਲਈ 24 ਘੰਟੇ ਉਪਲਬਧ ਰਹਿਣਗੇ, ਉੱਥੇ ਹੀ ਐਂਮਬੂਲੈਂਸ ਨੂੰ ਪ੍ਰਭਾਵਿਤ ਖੇਤਰਾਂ ਵਿਚ ਪੱਕੇ ਤੌਰ ‘ਤੇ ਤਾਇਨਾਤ ਕਰ ਦਿੱਤਾ ਗਿਆ ਏ ।

ਪਸ਼ੂ ਧਨ ਦੀ ਸਿਹਤ ਸੁਰੱਖਿਆ ਬਾਰੇ ਉਨ੍ਹਾਂ ਦੱਸਿਆ ਕਿ ਵੈਟਨਰੀ ਅਫਸਰਾਂ ਵਲੋਂ ਲੋੜ ਅਨੁਸਾਰ ਦਵਾਈਆਂ ਤੇ ਟੀਕੇ ਲਗਾਏ ਜਾ ਰਹੇ ਹਨ। ਡਿਪਟੀ ਕਮਿਸ਼ਨਰ ਵਲੋਂ ਖਿਜਰਪੁਰ ਨੇੜੇ ਅਡਵਾਂਸ ਧੁੱਸੀ ਬੰਨ੍ਹ ਦੇ ਨਾਲ-ਨਾਲ ਬੋਰਿਆਂ ਦੇ ਕਰੇਟ ਲਗਾਏ ਜਾਣ ਦੇ ਕੰਮ ਦਾ ਵੀ ਨਿਰੀਖਣ ਕੀਤਾ ਗਿਆ। ਉਨ੍ਹਾਂ ਕਿਹਾ ਕਿ ਕਪੂਰਥਲਾ ਜ਼ਿਲ੍ਹੇ ਵਿਚ ਧੁੱਸੀ ਬੰਨ੍ਹ ਅਤੇ ਅਡਵਾਂਸ ਬੰਨ੍ਹ ਪੂਰੀ ਤਰ੍ਹਾਂ ਸੁਰੱਖਿਅਤ ਤੇ ਮਜ਼ਬੂਤ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਤਰ੍ਹਾਂ ਦੀਆਂ ਅਫਵਾਹਾਂ ਉੱਪਰ ਯਕੀਨ ਨਾ ਕਰਨ ਤੇ ਅਧਿਕਾਰਤ ਸਰੋਤਾਂ ਰਾਹੀਂ ਪ੍ਰਾਪਤ ਸੂਚਨਾ ਨੂੰ ਹੀ ਸਹੀ ਸਮਝਿਆ ਜਾਵੇ।

---------------------------------------------------------------------------------

ਟਾਂਗਰੀ ਨਦੀ ਅਤੇ ਮਾਰਕੰਡਾ ਨਦੀ ਵਾਲੀ ਪਟਿਆਲਾ ਪਿਹੋਵਾ ਸੜਕੀ ਪੁਲਾਂ ਵਾਲੀ ਥਾਤੇ ਪਾਣੀ ਦਾ ਪੱਧਰ ਕੱਲ ਸ਼ਾਮ ਦੇ ਮੁਕਾਬਲੇ ਵੱਧ ਗਿਆ ਏ । ਉਧਰ ਮੌਸਮ ਵਿਭਾਗ ਨੇ ਹੁਸ਼ਿਆਰਪੁਰ ਡੇਰਾ ਬਾਬਾ ਨਾਨਕ, ਗੁਰਦਾਸਪੁਰ, ਪਠਾਨਕੋਟ, ਫਿਰੋਜ਼ਪੁਰ ਤਰਨ ਤਾਰਨ, ਕਪੂਰਥਲਾ ਅਤੇ ਨਾਲ ਲੱਗਦੇ ਖੇਤਰਾਂ ਵਿੱਚ ਹਲਕੇ ਤੋਂ ਦਰਮਿਆਨੇ ਮੀਂਹ ਦੇ ਨਾਲ ਆਸਮਾਨੀ ਬਿਜਲੀ ਅਤੇ ਤੇਜ਼ ਹਵਾਵਾਂ ਚੱਲਣ ਦੀ ਪੇਸ਼ੀਨਗੋਈ ਕੀਤੀ ਏ ।

---------------------------------------------------------------------------------

ਮੌਸਮ ਵਿਭਾਗ ਨੇ ਜੰਮੂ ਅਤੇ ਕਸ਼ਮੀਰ ਵਿੱਚ ਆਉਣ ਵਾਲੇ ਦਿਨਾਂ ਵਿੱਚ ਕਈ ਜ਼ਿਲ੍ਹਿਆਂ ਵਿੱਚ ਭਾਰੀ ਬਾਰਿਸ਼ ਅਤੇ ਹੜ੍ਹਾਂ ਦੀ ਚੇਤਾਵਨੀ ਜਾਰੀ ਕੀਤੀ ਏ । ਮੌਸਮ ਵਿਭਾਗ ਨੇ ਇਸ ਸਮੇਂ ਦੌਰਾਨ ਬੱਦਲ ਫਟਣ, ਅਚਾਨਕ ਹੜ੍ਹ, ਜ਼ਮੀਨ ਖਿਸਕਣ ਅਤੇ ਪੱਥਰ ਡਿੱਗਣ ਦੀ ਚੇਤਾਵਨੀ ਜਾਰੀ ਕੀਤੀ ਏ । ਲੋਕਾਂ ਨੂੰ ਜਲ ਸਰੋਤਾਂ ਤੋਂ ਦੂਰ ਰਹਿਣ ਦੀ ਸਲਾਹ ਦਿੱਤੀ ਗਈ ਏ ਅਤੇ ਮੁਸਾਫ਼ਰਾਂ ਨੂੰ ਸਾਵਧਾਨੀ ਨਾਲ ਸਫ਼ਰ ਕਰਨ ਦੀ ਸਲਾਹ ਦਿੱਤੀ ਗਈ ਏ ਅਤੇ ਅਧਿਕਾਰੀਆਂ ਨੂੰ ਸੁਚੇਤ ਰਹਿਣ ਅਤੇ ਸਥਿਤੀ ਨਾਲ ਨਜਿੱਠਣ ਲਈ ਤਿਆਰ ਰਹਿਣ ਲਈ ਕਿਹਾ ਗਿਆ ਏ ।

---

- ਵਿਰੋਧੀ ਧਿਰ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਹੰਗਾਮੇ ਤੋਂ ਬਾਅਦ, ਲੋਕ ਸਭਾ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕੀਤੀ ਗਈ ।
- ਕੇਂਦਰ ਸਰਕਾਰ ਨਕਲੀ ਕੀਟਨਾਸ਼ਕ, ਖਾਦ ਅਤੇ ਬੀਜ ਬਣਾਉਣ ਵਾਲੀਆਂ ਕੰਪਨੀਆਂ ਖਿਲਾਫ ਸਖ਼ਤ ਕਾਰਵਾਈ ਕਰੇਗੀ ।
- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਪੰਜਾਬ ਪੁਲਿਸ ਮੁਖੀ ਨੂੰ ਦੋ ਪੁਲਿਸ ਅਧਿਕਾਰੀਆਂ ਵੱਲੋਂ ਬਟਾਲਾ ਵਿਚ ਇੱਕ ਪੱਤਰਕਾਰ 'ਤੇ ਕੀਤੇ ਗਏ ਹਮਲੇ ਦੀ ਰਿਪੋਰਟ ਦੇਣ ਲਈ ਨੋਟਿਸ ਜਾਰੀ ਕੀਤਾ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਚਮਕੌਰ ਸਾਹਿਬ ਵਿਖੇ 50 ਬਿਸਤਰਿਆਂ ਦੇ ਇੱਕ ਸਭ -ਡਵੀਜ਼ਨਲ ਹਸਪਤਾਲ ਦਾ ਉਦਘਾਟਨ ਕੀਤਾ।
- ਕਪੂਰਥਲਾ, ਗੁਰਦਾਸਪੁਰ ਅਤੇ ਕੁਝ ਥਾਵਾਂ ਤੇ ਹੜ੍ਹਾਂ ਦੀ ਸਥਿਤੀ ਕਾਬੂ ਹੇਠ ਏ -ਮੌਸਮ ਵਿਭਾਗ ਵਲੋਂ ਹੋਰ ਬਾਰਿਸ਼ ਦੀ ਪੇਸ਼ੀਨਗੋਈ ਕੀਤੀ ਗਈ ਏ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !